Vigilance Bureau Punjab

# Punjab Vigilance registers bribery case against two Naib Tehsildars, one arrested

Chandigarh, January 17: Punjab Vigilance Bureau, during its ongoing campaign against corruption, booked two Naib Tehsildars (NT) in a corruption case and nabbed one NT red handed while accepting bribe.

Disclosing this an official spokesperson of the Vigilance Bureau said Harnek Singh Naib Tehsildar Rajpura, Patiala district have been nabbed red handed on the complaint of Pargat Singh of Tarntaran district.

He added that the complainant has approached the Bureau and informed that his plea pertaining to division of his land was pending with NT Banur Rupinder Kumar who have asked him to approach NT Rajpura. The spokesperson further informed that NT Rajpura has demanded bribe of Rs ten lakh for helping the complainant in two revenue cases pending with NT Banur and ADC SAS Nagar in his favour.

After verifying the information a Bureau team laid a trap and the accused NT Harnek Singh was caught red handed while taking bribe of Rs 2 lakh in cash and a cheque bearing Rs 8 lakh amount in the presence of two official witnesses. In this case NT Banur has also been booked.

He said a case under section 7, 13 (2) of Prevention of Corruption Act has been registered against both the accused NTs at Vigilance Bureau, Police Station, SAS Nagar and further investigation was under progress.

ਪੰਜਾਬ ਵਿਜੀਲੈਂਸ ਬਿਊਰੋ

**ਪੰਜਾਬ ਵਿਜੀਲੈਂਸ ਬਿਊਰੋ ਵਲੋਂ ਦੋ ਤਹਿਸੀਲਦਾਰਾਂ ਵਿਰੁੱਧ ਰਿਸ਼ਵਤ ਦਾ ਮਾਮਲਾ ਦਰਜ, ਇੱਕ ਗ੍ਰਿਫਤਾਰ**

ਚੰਡੀਗੜ੍ਹ, 17 ਜਨਵਰੀ:

ਪੰਜਾਬ ਵਿਜੀਲੈਂਸ ਬਿਊਰੋ ਵਲੋਂ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਦੋ ਨਾਇਬ ਤਹਿਸੀਲਦਾਰਾਂ ਵਿਰੁੱਧ ਭ੍ਰਿਸ਼ਟਾਚਾਰ ਦਾ ਮਾਮਲਾ ਦਰਜ ਕੀਤਾ ਗਿਆ ਹੈ ਜਿਨ੍ਹਾਂ ਵਿਚੋਂ ਇੱਕ ਨਾਇਬ ਤਹਿਸੀਲਦਾਰ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਦੇ ਪਰਗਟ ਸਿੰਘ ਦੀ ਸ਼ਿਕਾਇਤ ’ਤੇ ਰਾਜਪੁਰਾ (ਜ਼ਿਲ੍ਹਾ ਪਟਿਆਲਾ) ਦੇ ਨਾਇਬ ਤਹਿਸੀਲਦਾਰ ਹਰਨੇਕ ਸਿੰਘ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਨੇ ਬਿਊਰੋ ਨੂੰ ਪਹੁੰਚ ਕਰਕੇ ਦੱਸਿਆ ਹੈ ਕਿ ਉਸਦੀ ਆਪਣੀ ਜ਼ਮੀਨ ਦੀ ਵੰਡ ਸਬੰਧੀ ਪਟੀਸ਼ਨ ਨਾਇਬ ਤਹਿਸੀਲਦਾਰ ਬਨੂੜ ਰੁਪਿੰਦਰ ਕੁਮਾਰ ਕੋਲ ਵਿਚਾਰ ਅਧੀਨ ਸੀ ਜਿਸਨੇ ਸ਼ਿਕਾਇਤਕਰਤਾ ਨੂੰ ਨਾਇਬ ਤਹਿਸੀਲਦਾਰ ਰਾਜਪੁਰਾ ਉਸ ਨੂੰ ਕੋਲ ਜਾਣ ਲਈ ਕਿਹਾ । ਬੁਲਾਰੇ ਨੇ ਅੱਗੇ ਦੱਸਿਆ ਕਿ ਨਾਇਬ ਤਹਿਸੀਲਦਾਰ ਰਾਜਪੁਰਾ ਨੇ ਨਾਇਬ ਤਹਿਸੀਲਦਾਰ ਬਨੂੜ ਅਤੇ ਐਸਏਐਸ ਨਗਰ ਦੇ ਵਧੀਕ ਡਿਪਟੀ ਕਮਿਸ਼ਨਰ ਕੋਲ ਚੱਲ ਰਹੇ ਦੋ ਮਾਲ ਕੇਸਾਂ ਦਾ ਫੈਸਲਾ ਸ਼ਿਕਾਇਤ ਕਰਤਾ ਦੇ ਹੱਕ ਵਿੱਚ ਕਰਵਾਉਣ ਬਦਲੇ ਦਸ ਲੱਖ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ।

ਉਕਤ ਜਾਣਕਾਰੀ ਦੀ ਪੁਸ਼ਟੀ ਕਰਨ ਤੋਂ ਬਾਅਦ ਬਿਊਰੋ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਦੋ ਲੱਖ ਰੁਪਏ ਨਕਦ ਅਤੇ 8 ਲੱਖ ਰੁਪਏ ਦੀ ਰਾਸ਼ੀ ਦਾ ਚੈਕ ਲੈਂਦਿਆਂ ਦੋਸ਼ੀ ਨਾਇਬ ਤਹਿਸੀਲਦਾਰ ਹਰਨੇਕ ਸਿੰਘ ਨੂੰ ਰੰਗੇ ਹੱਥੀਂ ਕਾਬੂ ਕੀਤਾ ਗਿਆ। ਇਸ ਮਾਮਲੇ ਵਿੱਚ ਨਾਇਬ ਤਹਿਸੀਲਦਾਰ ਬਨੂੜ ਉੱਤੇ ਵੀ ਰਿਸ਼ਵਤਖੋਰੀ ਦਾ ਮੁਕੱਦਮਾ ਦਰਜ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਦੋਵਾਂ ਅਧਿਕਾਰੀਆਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਐਕਟ ਦੀ ਧਾਰਾ 7, 13 (2) ਤਹਿਤ ਵਿਜੀਲੈਂਸ ਬਿਊਰੋ, ਥਾਣਾ ਐਸ.ਏ.ਐਸ.ਨਗਰ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਤਫ਼ਤੀਸ਼ ਜਾਰੀ ਹੈ।